**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, (90410-04313)
ਪਿੰਡ ਭੋਲਾਪੁਰ ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ, ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਵਧੀਕ ਡਿਪਟੀ ਕਮਿਸ਼ਨਰ, ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ:12/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਜਸਬੀਰ ਸਿੰਘ (98882-96107)।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 12-09-2017, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 10-05-2017 ਨੂੰ ਸ਼੍ਰੀ ਸੁਖਦੇਵ ਸਿੰਘ ਵਾਸੀ ਪਿੰਡ ਝਰੇੜਾ ਦਿੱਲੀ ਕੈਂਟ ਵਿਰੁੱਧ ਕੀਤੀ ਗਈ ਸ਼ਿਕਾਇਤ ਨਾਲ ਸਬੰਧਤ 02 ਨੁਕਤਿਆਂ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 10-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 17-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 25-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਜਸਬੀਰ ਸਿੰਘ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਲਗਾਤਾਰ ਦੋ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਸਹਾਇਕ ਕਮਿਸ਼ਨਰ (ਸ਼ਿਕਾਇਤਾਂ) ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਵੱਲੋਂ ਆਪਣੇ ਪੱਤਰ ਨੰ:986-987/ਆਰ.ਆਰ.ਏ., ਮਿਤੀ 01-07-2019 ਰਾਹੀਂ ਅਪੀਲਕਰਤਾ ਦੀ ਆਰ.ਟੀ.ਆਈ ਅਰਜ਼ੀ ਉਪ ਮੰਡਲ, ਮੈਜਿਸਟਰੇਟ ਲੁਧਿਆਣਾ ਪੂਰਬੀ ਨੂੰ ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਅਧੀਨ ਟਰਾਂਸਫਰ ਕਰਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਗਿਆ ਹੈ।ਪਰੰਤੂ ਨਾ ਤਾਂ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਅਤੇ ਨਾ ਹੀ ਉਪ ਮੰਡਲ, ਮੈਜਿਸਟਰੇਟ ਲੁਧਿਆਣਾ (ਪੂਰਬੀ) ਦੇ ਦਫ਼ਤਰ ਵੱਲੋਂ ਕੋਈ ਅੱਜ ਪੇਸ਼ੀ ਤੇ ਹਾਜ਼ਰ ਹੋਇਆ ਹੈ। ਇਸ ਲਈ **ਲੋਕ ਸੂਚਨਾ ਅਧਿਕਾਰੀ ਦਫ਼ਤਰ ਉਪ ਮੰਡਲ, ਮੈਜਿਸਟਰੇਟ ਲੁਧਿਆਣਾ (ਪੂਰਬੀ) ਅਤੇ ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ** ਅਪੀਲਕਰਤਾ ਵੱਲੋਂ ਮੰਗੀ ਗਈ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 15 ਜੁਲਾਈ, 2019.**

**ਕਾਪੀ:-**

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਉਪ ਮੰਡਲ, ਮੈਜਿਸਟਰੇਟ ਲੁਧਿਆਣਾ (ਪੂਰਬੀ)।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, (90410-04313)
ਪਿੰਡ ਭੋਲਾਪੁਰ ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ, ਲੁਧਿਆਣਾ। ------ਅਪੀਲਕਰਤਾ
ਬਨਾਮ
ਲੋਕ ਸੂਚਨਾ ਅਧਿਕਾਰੀ ,
ਦਫ਼ਤਰ ਉਪ ਮੰਡਲ ਮੈਜਿਸਟਰੇਟ ਲੁਧਿਆਣਾ (ਪੂਰਬੀ)।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ ਲੁਧਿਆਣਾ (ਪੂਰਬੀ)। -------ਉੱਤਰਦਾਤਾ

**ਅਪੀਲ ਕੇਸ ਨੰ:68/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਜਸਬੀਰ ਸਿੰਘ (98882-96107)।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 02-09-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ ਲੁਧਿਆਣਾ (ਪੂਰਬੀ) ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀ ਅਵਤਾਰ ਸਿੰਘ ਵੱਲੋਂ ਮਿਤੀ 05-06-2018 ਨੂੰ ਅਸ਼ਟਾਮ ਡਿਊਟੀ ਘੱਟ ਲਗਾਉਣ ਬਾਬਤ ਸ਼੍ਰੀ ਨੀਲਮਜੀਤ ਸਿੰਘ ਵਿਰੁੱਧ ਕੀਤੀ ਗਈ ਸ਼ਿਕਾਇਤ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 02-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 25-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ ਵੱਲੋਂ ਲਗਾਤਾਰ ਤਿੰਨ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਪ ਮੰਡਲ, ਮੈਜਿਸਟਰੇਟ-ਕਮ-ਪਹਿਲੀ ਅਪੀਲੀ ਅਥਾਰਟੀ, ਲੁਧਿਆਣਾ (ਪੂਰਬੀ) ਵੱਲੋਂ ਆਪਣੇ ਪੱਤਰ ਨੰ:55, ਮਿਤੀ 25-06-2019 ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਭੇਜਿਆ ਹੋਇਆ ਹੈ, ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਅਪੀਲਕਰਤਾ ਨੂੰ ਪੱਤਰ ਨੰ:22/ਰੀਡਰ, ਮਿਤੀ 01-04-2019 ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਅੱਜ ਪੇਸ਼ੀ ਤੇ ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਜਸਬੀਰ ਸਿੰਘ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ **ਲੋਕ ਸੂਚਨਾ ਅਧਿਕਾਰੀ ਦਫ਼ਤਰ ਉਪ ਮੰਡਲ, ਮੈਜਿਸਟਰੇਟ ਲੁਧਿਆਣਾ (ਪੂਰਬੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ** ਅਪੀਲਕਰਤਾ ਵੱਲੋਂ ਮੰਗੀ ਗਈ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 15 ਜੁਲਾਈ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, (90410-04313)
ਪਿੰਡ ਭੋਲਾਪੁਰ ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ, ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਐਸ .ਐਚ.ਓ., ਪੁਲਿਸ ਥਾਣਾ,
ਮੋਤੀ ਨਗਰ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ ,
ਦਫਤਰ ਕਮਿਸ਼ਨਰ, ਪੁਲਿਸ, ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ:70/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਜਸਬੀਰ ਸਿੰਘ (98882-96107)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਵਨਜੀਤ ਸਿੰਘ, ਹੈਡ ਕੰਸਟੇਬਲ (98557-55314)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 08-10-2018, ਲੋਕ ਸੂਚਨਾ ਅਧਿਕਾਰੀ ਦਫਤਰ ਐਸ .ਐਚ.ਓ., ਪੁਲਿਸ ਥਾਣਾ, ਮੋਤੀ ਨਗਰ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਐਫ.ਆਈ.ਆਰ. ਨੰ:54, ਮਿਤੀ 25-10-2012 ਨਾਲ ਸਬੰਧਤ ਮਿਸਲ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 08-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 25-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਵਨਜੀਤ ਸਿੰਘ, ਹੈਡ ਕੰਸਟੇਬਲ ਨੇ ਆਪਣਾ ਲਿਖਤੀ ਬਿਆਨ, ਮਿਤੀ 15-07-2019 ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ।ਇਸ ਬਿਆਨ ਰਾਹੀਂ ਹਾਜ਼ਰ ਉੱਤਰਦਾਤਾ ਵੱਲੋਂ ਦੱਸਿਆ ਗਿਆ ਹੈ ਕਿ ਅਪੀਲਕਰਤਾ ਨੂੰ ਸੂਚਨਾ ਦਿੱਤੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਇਸ ਦੇ ਸਬੂਤ ਵਜੋਂ ਅਪੀਲਕਰਤਾ ਕੋਲੋਂ ਪ੍ਰਾਪਤ ਕੀਤੀ ਗਈ ਰਸੀਦ, ਮਿਤੀ 24-04-2019 ਵੀ ਪੇਸ਼ ਕੀਤੀ ਹੈ ਜਿਸ ਅਨੁਸਾਰ ਅਪੀਲਕਰਤਾ ਵੱਲੋਂ ਕਿਹਾ ਗਿਆ ਹੈ ਕਿ ਉਸ ਨੂੰ ਸਾਰੀ ਸੂਚਨਾ ਪ੍ਰਾਪਤ ਹੋ ਗਈ ਹੈ ਅਤੇ ਉਸ ਨੂੰ ਕੇਸ ਬੰਦ ਕਰਨ ਵਿੱਚ ਕੋਈ ਇਤਰਾਜ਼ ਨਹੀਂ ਹੈ। ਅਪੀਲਕਰਤਾ ਨੂੰ ਸੂਚਨਾ ਪ੍ਰਾਪਤ ਹੋ ਚੁੱਕੀ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 15 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, (90410-04313)
ਪਿੰਡ ਭੋਲਾਪੁਰ ਡਾਕਖਾਨਾ ਰਾਮਗੜ੍ਹ,
ਚੰਡੀਗੜ ਰੋਡ, ਲੁਧਿਆਣਾ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫ਼ਤਰ ਸਿਹਤ ਮੰਤਰੀ, ਪੰਜਾਬ,
ਚੰਡੀਗੜ੍ਹ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:04/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਸ਼੍ਰੀ ਜਸਬੀਰ ਸਿੰਘ (98882-96107)।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 29-09-2018, ਲੋਕ ਸੂਚਨਾ ਅਧਿਕਾਰੀ ਦਫਤਰ ਸਿਹਤ ਮੰਤਰੀ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸੇਠੀ ਆਈਸ ਕਰੀਮ, 930, ਐਮ.ਆਈ.ਜੀ., ਜਮਾਲਪੁਰ ਕਲੋਨੀ, ਲੁਧਿਆਣਾ ਵਿਰੁੱਧ ਕੀਤੀ ਗਈ ਸ਼ਿਕਾਇਤ, ਮਿਤੀ 08-09-2018 ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-12-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 25-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ ਵੱਲੋਂ ਲਗਾਤਾਰ ਤਿੰਨ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਲੋਕ ਸੂਚਨਾ ਅਧਿਕਾਰੀ ਦਫ਼ਤਰ ਕਮਿਸ਼ਨਰੇਟ, ਫੂਡ ਅਤੇ ਡਰੱਗਜ਼ ਐਡਮਨਿਸਟਰੇਸ਼ਨ, ਖਰੜ, ਵੱਲੋਂ ਆਪਣੇ ਪੱਤਰ ਨੰ: ਫੂਡ/2019/1311-12, ਮਿਤੀ 13-05-2019 ਜੋ ਕਿ ਸ਼ਿਕਾਇਤਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਸ਼ਿਕਾਇਤਕਰਤਾ ਨੂੰ ਪੱਤਰ ਨੰ:ਫੂਡ(2)/2018/09, ਮਿਤੀ 02-01-2019 ਰਾਹੀਂ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ। ਅੱਜ ਪੇਸ਼ੀ ਤੇ ਸ਼ਿਕਾਇਤਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਜਸਬੀਰ ਸਿੰਘ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਲੋਕ ਸੂਚਨਾ ਅਧਿਕਾਰੀ ਦਫ਼ਤਰ ਸਿਹਤ ਮੰਤਰੀ, ਪੰਜਾਬ, ਚੰਡੀਗੜ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 15 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ।                                                                 ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਡਿਪਟੀ ਕਮਿਸ਼ਨਰ,
ਲੁਧਿਆਣਾ।                                                                 -----ਉੱਤਰਦਾਤਾ

**<u>ਅਪੀਲ ਕੇਸ ਨੰ:3513/2018</u>**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਅਪੀਲਕਰਤਾ ਨੇ ਅੱਜ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਵੱਲੋਂ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਈ.ਮੇਲ ਰਾਹੀਂ ਸੂਚਿਤ ਕਰਨ ਦੇ ਬਾਵਜੂਦ ਵੀ ਅਜੇ ਤੱਕ ਸੋਧੀ ਹੋਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਉੱਤਰਦਾਤਾ ਵੱਲੋਂ ਲਗਾਤਾਰ ਤਿੰਨ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ **ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ** ਅਤੇ ਇਹ ਵੀ ਦੱਸਿਆ ਜਾਵੇ ਕਿ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਉਨ੍ਹਾਂ ਨੂੰ ਸੂਚਿਤ ਕਰਨ ਦੇ ਬਾਵਜੂਦ ਵੀ ਅਜੇ ਤੱਕ ਸੂਚਨਾ ਮੁਹੱਈਆ ਕਿਉਂ ਨਹੀਂ ਕਰਵਾਈ ਗਈ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **<u>ਅਗਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ</u>** ਕੀਤਾ ਜਾਂਦਾ ਹੈ।

(ਨਿਧੜਕ ਸਿੰਘ ਬਰਾੜ)
**ਮਿਤੀ:** **ਚੰਡੀਗੜ੍ਹ,** 15 **ਜੁਲਾਈ,** 2019.                                   **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਪਾਲ ਸਿੰਘ (ਮੋਬ 9815017246)
ਪੁੱਤਰ ਸ਼੍ਰੀ ਰਮੇਸ਼ ਅਰੋੜਾ,
ਮਕਾਨ ਨੰ:319/3, ਗੁਰਦੀਪ ਨਗਰ,
319/3 ਗੁਰਦੀਪ ਨਗਰ, ਜਗਰਾਓਂ,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ,ਪੁਲਿਸ, ਜਗਰਾਓਂ,
ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ -ਕਮ-
ਦਫ਼ਤਰ ਡਿਪਟੀ ਇੰਸਪੈਕਟਰ ਜਨਰਲ ਆਫ਼ ਪੁਲਿਸ,
ਲੁਧਿਆਣਾ ਰੇਂਜ ਲੁੱਧਿਆਣਾ। ------ਉੱਤਰਦਾਤਾ

ਅਪੀਲ ਕੇਸ ਨੰ:1016/2019

**ਹਾਜ਼ਰ:-**

1) ਸ਼੍ਰੀ ਜਸਪਾਲ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਪ੍ਰੀਤ ਸਿੰਘ, ਏ.ਐਸ.ਆਈ. (97898-00315)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-12-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ,ਪੁਲਿਸ, ਜਗਰਾਓਂ,ਜ਼ਿਲ੍ਹਾ ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਦਰਖਾਸਤ ਨੰ:181, ਮਿਤੀ 22-09-2018 ਰਾਹੀਂ ਲਿਖਾਈ ਗਈ ਸ਼ਿਕਾਇਤ ਨੰ:2920968 ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ 07 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 13-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 01-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-06-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 11-06-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਪੱਤਰ, ਮਿਤੀ 17-05-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਪ੍ਰੀਤ ਸਿੰਘ, ਏ.ਐਸ.ਆਈ. ਨੇ ਪੱਤਰ ਨੰ:270/ਆਰ.ਟੀ. ਆਈ., ਮਿਤੀ 07-06-2019 ਪੇਸ਼ ਕਰਦੇ ਹੋਏ ਕਿਹਾ ਸੀ ਕਿ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 15-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਪ੍ਰੀਤ ਸਿੰਘ, ਏ.ਐਸ.ਆਈ. ਨੇ ਪੱਤਰ ਨੰ:353/ਆਰ.ਟੀ. ਆਈ/ਜ਼ਿਲ੍ਹਾ ਸਾਂਝ ਕੇਂਦਰ, ਮਿਤੀ 14-07-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਨੂੰ ਰਜਿਸਟਰਡ ਪੱਤਰ ਨੰ:331/ਆਰ.ਟੀ.ਆਈ., ਮਿਤੀ 04-07-2019 ਰਾਹੀਂ ਨੁਕਤਾਵਾਰ ਸੂਚਨਾ ਭੇਜੀ ਜਾ ਚੁੱਕੀ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਉਸ ਦੀ ਇੱਛਾ ਅਨੁਸਾਰ ਸੂਚਨਾ ਨਹੀਂ ਦਿੱਤੀ ਜਾ ਰਹੀ ਜਿਸ ਕਰਕੇ ਉਹ ਉੱਤਰਦਾਤਾ ਵੱਲੋਂ ਦਿੱਤੀ ਗਈ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ। ਪੇਸ਼ੀ ਦੌਰਾਨ ਅਪੀਲਕਰਤਾ ਦਾ ਵਤੀਰਾ ਠੀਕ ਨਹੀਂ ਪਾਇਆ ਗਿਆ। ਉਸ ਵੱਲੋਂ ਕਿਹਾ ਗਿਆ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**1016/2019

ਕਿ ਜੇਕਰ ਕਮਿਸ਼ਨ ਵਲੋਂ ਉਸ ਦੀ ਇੱਛਾ ਅਨੁਸਾਰ ਸੂਚਨਾ ਨਹੀਂ ਦਿਵਾਈ ਜਾ ਸਕਦੀ ਤਾਂ ਉਹ ਸੂਚਨਾ ਨਹੀਂ ਲਵੇਗਾ ਅਤੇ ਉਸ ਦਾ ਕੇਸ ਬੰਦ ਕਰ ਦਿੱਤਾ ਜਾਵੇ।

4. ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਪੇਸ਼ੀ ਦੌਰਾਨ ਅਪੀਲਕਰਤਾ ਦੇ ਵਤੀਰੇ ਤੋਂ ਇਹ ਮਹਿਸੂਸ ਕੀਤਾ ਗਿਆ ਹੈ ਕਿ ਅਪੀਲਕਰਤਾ ਨੂੰ ਸੂਚਨਾ ਦੀ ਕੋਈ ਲੋੜ ਨਹੀਂ ਹੈ ਅਤੇ ਉਸ ਵੱਲੋਂ ਖਾਹ-ਮ-ਖਾਹ ਸਬੰਧਤ ਵਿਭਾਗ ਨੂੰ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 15 ਜੁਲਾਈ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ,
ਪੁੱਤਰ ਸ਼੍ਰੀ ਮਨਵਿੰਦਰ ਸਿੰਘ,
ਪਿੰਡ ਖਿਲਚੀਆਂ,
ਤਹਿਸੀਲ ਬਾਬਾ ਬਕਾਲਾ ਸਾਹਿਬ,
ਜ਼ਿਲ੍ਹਾ ਅੰਮ੍ਰਿਤਸਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ,
ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫਤਰ ਉਪ ਮੰਡਲ ਮੈਜਿਸਟਰੇਟ,
ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ।

**(ਰਜਿਸਟਰਡ)** ਸ਼੍ਰੀ ਅਸ਼ੋਕ ਕੁਮਾਰ, ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ,
ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ। -----ਉੱਤਰਦਾਤਾ

**ਅਪੀਲ ਕੇਸ ਨੰ:1166/2019**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 21-12-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੰਜਾਬ ਪੁਲਿਸ ਹੈਲਪ ਨੰ:181 ਤੇ ਮਿਤੀ 26-09-2018 ਨੂੰ ਸੀ.ਆਰ.ਪੀ.ਸੀ. ਦੀ ਧਾਰਾ 39 ਤਹਿਤ ਦਰਜ ਕਰਵਾਈ ਗਈ ਸ਼ਿਕਾਇਤ ਨੰ:ਏ.ਐਮ.ਆਰ-ਆਰ.ਆਰ.2921160, ਮਿਤੀ 26-09-2018 ਨਾਲ ਸਬੰਧਤ ਭਾਗ "ਏ" ਦੇ 13 ਨੁਕਤਿਆਂ ਅਤੇ ਭਾਗ ਬੀ, ਸੀ, ਡੀ, ਈ, ਅਤੇ ਐਫ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 13-05-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 19-06-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 19-06-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਈ.ਮੇਲ. ਮਿਤੀ 18-06-2019 ਨਾਲ ਭੇਜੇ ਗਏ ਪੱਤਰ, ਮਿਤੀ 18-06-2019 ਰਾਹੀਂ ਪੇਸ਼ੀ ਤੇ ਹਾਜ਼ਰ ਹੋਣ ਤੋਂ ਛੋਟ ਮੰਗਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਸੀ। ਅਪੀਲਕਰਤਾ ਵੱਲੋਂ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਸਹਾਇਕ ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਈ.ਮੇਲ, ਿ;ਮਿਤੀ 18-06-2019 ਨਾਲ ਭੇਜੇ ਗਏ ਪੱਤਰ ਨੰ:1200, ਮਿਤੀ 14-06-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਸੀ ਕਿ ਇਹ ਮਾਮਲਾ ਪੁਲਿਸ ਵਿਭਾਗ ਨਾਲ ਸਬੰਧਤ ਹੋਣ ਕਾਰਨ ਉਨ੍ਹਾਂ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ., ਡੀ.ਐਸ.ਪੀ. ਬਾਬਾ ਬਕਾਲਾ ਸਾਹਿਬ ਨੂੰ ਪੜਤਾਲ ਕਰਨ ਹਿੱਤ ਭੇਜ਼ ਦਿੱਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ., ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਤਹਿਤ ਸਬੰਧਤ ਲੋਕ ਸੂਚਨਾ ਅਧਿਕਾਰੀ ਨੂੰ ਤਬਦੀਲ ਨਹੀਂ ਕੀਤੀ ਗਈ ਅਤੇ ਨਾ ਹੀ ਅਪੀਲਕਰਤਾ ਨੂੰ ਇਸ ਬਾਰੇ ਕੋਈ ਸੂਚਨਾ ਹੀ ਮੁਹੱਈਆ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:1166/2019**

ਕਰਵਾਈ ਗਈ ਸੀ। ਇਸ ਲਈ ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ,ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਨੂੰ ਹਦਾਇਤ ਕੀਤੀ ਗਈ ਸੀ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਕੇਸ ਦੀ ਸਥਿਤੀ ਸਪਸ਼ਟ ਕੀਤੀ ਜਾਵੇ ਅਤੇ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 15-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਵੀ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ ਜਿਸ ਕਾਰਨ ਉਸ ਨੂੰ ਮਾਨਸਿਕ ਤੇ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਾਤਾਰ ਦੋ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਤੋਂ ਇਲਾਵਾ ਲੋਕ ਸੂਚਨਾ ਅਧਿਕਾਰੀ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ., ਮਿਤੀ 21-12-2018 ਸਬੰਧੀ 06 ਮਹੀਨੇ ਤੋਂ ਵੀ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਅਜੇ ਤੱਕ ਉਸ ਨੂੰ ਸੂਚਨਾ ਨਹੀਂ ਭੇਜੀ ਗਈ ਜਦੋਂ ਕਿ ਆਰ.ਟੀ.ਆਈ. ਐਕਟ, 2005 ਦੇ ਉਪਬੰਧਾਂ ਮੁਤਾਬਿਕ ਅਪੀਲਕਰਤਾ ਨੂੰ 30 ਦਿਨਾਂ ਦੇ ਅੰਦਰ-ਅੰਦਰ ਸੂਚਨਾ ਮੁਹੱਈਆ ਕਰਾਉਣੀ ਬਣਦੀ ਸੀ। ਇਸ ਤੋਂ ਜ਼ਾਹਿਰ ਹੈ ਕਿ ਉੱਤਰਦਾਤਾ ਸੂਚਨਾ ਦਾ ਅਧਿਕਾਰ ਐਕਟ, 2005 ਨਾਲ ਸਬੰਧਤ ਮਾਮਲਿਆਂ ਨੂੰ ਨਿਪਟਾਉਣ ਵੱਲ ਕੋਈ ਵਿਸ਼ੇਸ਼ ਧਿਆਨ ਨਹੀਂ ਦੇ ਰਹੇ, ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ।

4. ਉਪਰੋਕਤ ਦਰਸਾਈ ਗਈ ਸਥਿਤੀ ਦੇ ਸਨਮੁੱਖ ਉੱਤਰਦਾਤਾ, ਸ਼੍ਰੀ ਅਸ਼ੋਕ ਕੁਮਾਰ, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਉਹ ਹਲਫੀਆ-ਬਿਆਨ ਰਾਹੀਂ ਕਾਰਨ ਸਪੱਸ਼ਟ ਕਰਨ ਕਿ ਕਿਉਂ ਨਾ ਉਨ੍ਹਾਂ ਨੂੰ ਅਪੀਲਕਰਤਾ ਵੱਲੋਂ ਬਿਨੈ-ਪੱਤਰ ਪੇਸ਼ ਕਰਨ ਦੀ ਮਿਤੀ ਤੋਂ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ ਮੁਹੱਈਆ ਕਰਨ ਦੀ ਮਿਤੀ ਤੱਕ 250/-ਰੁਪਏ ਪ੍ਰਤੀ ਦਿਨ ਦੇ ਹਿਸਾਬ ਨਾਲ ਪਰ ਵੱਧ ਤੋਂ ਵੱਧ 25,000/-ਰੁਪਏ ਤੱਕ ਜੁਰਮਾਨੇ ਦੀ ਸਜ਼ਾ ਦਿੱਤੀ ਜਾਵੇ। ਉਕਤ ਤਜਵੀਜ਼ਤ ਸਜ਼ਾ ਦੇਣ ਤੋਂ ਪਹਿਲਾਂ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਦੇ ਹੇਠਾਂ ਦਿੱਤੇ ਗਏ ਪ੍ਰੋਵੀਜ਼ੋ ਤਹਿਤ ਸਬੰਧਤ ਅਧਿਕਾਰੀ ਨੂੰ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਉਹ ਨਿਸ਼ਚਿਤ ਮਿਤੀ ਤੋਂ ਪਹਿਲਾਂ ਜਾਂ ਨਿਸ਼ਚਿਤ ਮਿਤੀ ਤੇ ਹਾਜ਼ਰ ਹੋ ਕੇ ਆਪਣਾ ਲਿਖਤੀ ਜਵਾਬ ਪੇਸ਼ ਨਹੀਂ ਕਰਦੇ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁੱਝ ਵੀ ਨਹੀਂ ਕਹਿਣਾ ਚਾਹੁੰਦੇ ਅਤੇ ਐਕਟ ਦੇ ਉਪਬੰਧਾਂ ਤਹਿਤ ਉਨ੍ਹਾਂ ਵਿਰੁੱਧ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਕੀਤੀ ਜਾਵੇਗੀ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 13-08-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 15 ਜੁਲਾਈ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ,
ਪੁੱਤਰ ਸ਼੍ਰੀ ਮਨਵਿੰਦਰ ਸਿੰਘ,
ਪਿੰਡ ਖਿਲਚੀਆਂ,
ਤਹਿਸੀਲ ਬਾਬਾ ਬਕਾਲਾ ਸਾਹਿਬ,
ਜ਼ਿਲ੍ਹਾ ਅੰਮ੍ਰਿਤਸਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ (ਦਿਹਾਤੀ),
ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ-ਕਮ-
ਡਿਪਟੀ ਇੰਸਪੈਕਟਰ ਜਨਰਲ, ਪੁਲਿਸ,
ਬਾਰਡਰ ਰੇਂਜ, ਅੰਮ੍ਰਿਤਸਰ। -----ਉੱਤਰਦਾਤਾ

**ਅਪੀਲ ਕੇਸ ਨੰ:1171/2019**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਕੁਲਵੰਤ ਸਿੰਘ, ਏ.ਐਸ.ਆਈ. (97800-05764)।

**ਹੁਕਮ:**

ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਕੁਲਵੰਤ ਸਿੰਘ, ਏ.ਐਸ.ਆਈ. ਨੇ ਕਿਹਾ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ।ਅਪੀਲਕਰਤਾ ਨੇ ਕਿਹਾ ਕਿ ਉਸ ਵੱਲੋਂ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕਰਨ ਦੇ ਬਾਵਜੂਦ ਵੀ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਨੇ ਕਿਹਾ ਕਿ ਅਪੀਲਕਰਤਾ ਕਿਸੇ ਕੰਮ-ਕਾਜ ਵਾਲ ਦਿਨ ਉਨ੍ਹਾਂ ਦੇ ਦਫ਼ਤਰ ਆ ਕੇ ਸਬੰਧਤ ਰਿਕਾਰਡ ਚੈੱਕ ਕਰ ਕੇ ਸੂਚਨਾ ਪ੍ਰਾਪਤ ਕਰ ਸਕਦਾ ਹੈ। ਦੋਵਾਂ ਧਿਰਾਂ ਵਿੱਚ ਕੁੱਝ ਵਿਚਾਰ-ਵਟਾਂਦਰੇ ਉਪਰੰਤ ਅਪੀਲਕਰਤਾ ਨੇ ਉਤਰਦਾਤਾ ਦੇ ਦਫ਼ਤਰ ਜਾ ਕੇ ਸੂਚਨਾ ਪ੍ਰਾਪਤ ਕਰਨ ਲਈ ਸਹਿਮਤੀ ਪ੍ਰਗਟਾਈ ਹੈ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਉਨ੍ਹਾਂ ਦੇ ਦਫ਼ਤਰ ਹਾਜ਼ਰ ਹੋਣ ਤੇ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਉਸ ਨੂੰ ਮੁਹੱਈਆ ਕਰਵਾ ਦਿੱਤੀ ਜਾਵੇ। ਅਪੀਲਕਰਤਾ ਵੱਲੋਂ ਸੂਚਨਾ ਪ੍ਰਾਪਤ ਕੀਤੇ ਜਾਣ ਦੀ ਪੁਸ਼ਟੀ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 13-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 15 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਿਨੋਦ ਭਗਤ,
#4283, ਨੇੜੇ ਦੁਰਗਾ ਮੰਦਿਰ (ਹਾਥੀ ਵਾਲਾ ਮੰਦਿਰ),
ਸ਼ਿਵਾ ਜੀ ਨਗਰ, ਲੁਧਿਆਣਾ -141008. ----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਤਹਿਸੀਲਦਾਰ,ਖੰਨਾ,
ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਤਹਿਸੀਲਦਾਰ,ਖੰਨਾ,
ਜ਼ਿਲ੍ਹਾ ਲੁਧਿਆਣਾ। -----ਉੱਤਰਦਾਤਾ

**ਅਪੀਲ ਕੇਸ ਨੰ:1173/2019**

**ਹਾਜ਼ਰ:-**

1) ਸ਼੍ਰੀ ਵਿਨੋਦ ਭਗਤ, ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਵਿੰਦਰ ਸਿੰਘ, ਤਹਿਸੀਲਦਾਰ, ਖੰਨਾ ਅਤੇ ਸ਼੍ਰੀ ਜੰਗ ਸਿੰਘ, ਕਲਰਕ (94649-63232)

**ਹੁਕਮ:**

ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਿਤ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਹਰਵਿੰਦਰ ਸਿੰਘ, ਤਹਿਸੀਲਦਾਰ ਖੰਨਾ ਨੇ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਲਈ ਕੁੱਝ ਸਮੇਂ ਦੀ ਮੰਗ ਕੀਤੀ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਆਰ.ਟੀ. ਆਈ. ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਮੁਹੱਈਆ ਕਰਵਾ ਕੇ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 13-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 15 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦੇਵਿੰਦਰ ਸਿੰਘ,
ਪੁੱਤਰ ਸ਼੍ਰੀ ਮਲਕੀਤ ਸਿੰਘ,
ਵਾਸੀ ਢਿਲਵਾਂ ਨਾਭਾ,
ਤਹਿਸੀਲ ਤਪਾ, ਜ਼ਿਲ੍ਹਾ ਬਰਨਾਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਗੁਰੂ ਗੋਬਿੰਦ ਸਿੰਘ ਕਾਲਿਜ, ਸੰਘੇੜਾ,
ਬਰਨਾਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),
ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ,
ਈ-ਬਲਾਕ, 7ਵੀਂ ਮੰਜ਼ਿਲ, ਫੇਸ-8,
ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ:2498 ਆਫ 2014**

**ਹਾਜ਼ਰ:**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉਤਰਦਾਤਾ, ਸ਼੍ਰੀ ਤਾਰਾ ਸਿੰਘ, ਪ੍ਰਿਸੀਪਲ-ਕਮ-ਲੋਕ ਸੂਚਨਾ ਅਧਿਕਾਰੀ ਸਮੇਤ ਸ਼੍ਰੀ ਅਰੀਹੰਤ ਗੋਇਲ, ਐਡਵੋਕੇਟ (88721-00053)।

**ਹੁਕਮ:**

ਅੱਜ ਪੇਸ਼ੀ ਤੇ ਉਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਅਧਿਕਾਰਿਤ ਨੁਮਾਇੰਦੇ ਸ਼੍ਰੀ ਅਰੀਹੰਤ ਗੋਇਲ, ਐਡਵੋਕੇਟ ਨੇ ਸ਼੍ਰੀ ਭੋਲਾ ਸਿੰਘ, ਪ੍ਰਧਾਨ, ਦੀ ਤਰਫੋਂ ਲਿਖਤੀ ਜਵਾਬ, ਮਿਤੀ 15-07-2019 ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਜਵਾਬ ਦੀ ਇੱਕ ਕਾਪੀ ਅਪੀਲਕਰਤਾ ਨੂੰ ਭੇਜ ਦਿੱਤੀ ਜਾਵੇ ਤਾਂ ਜੋ ਅਗਲੀ ਪੇਸ਼ੀ ਤੇ ਇਸ ਮਾਮਲੇ ਬਾਰੇ ਵਿਚਾਰ ਕੀਤਾ ਜ਼ਾ ਸਕੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 15 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜੁਆਲਾ ਸਿੰਘ,
ਪੁੱਤਰ ਸ਼੍ਰੀ ਸੰਤੋਖ ਸਿੰਘ,
ਪਿੰਡ ਦਿਆਲਪੁਰਾ,
ਤਹਿਸੀਲ ਸਮਰਾਲਾ,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ, ਮਾਲਵਾ ਕਾਲਿਜ, ਬੋਂਦਲੀ,
ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਰ, ਸਿੱਖਿਆ (ਕਾਲਿਜਾਂ) ਪੰਜਾਬ,
ਸਿੱਖਿਆ ਭਵਨ, ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ:714 ਆਫ਼ 2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਮੋਹਿਤ ਵਸ਼ਿਸ਼ਟ(98888-68988), ਐਡਵੋਕੇਟ।

1) 2) ਉੱਤਰਦਾਤਾ, ਸ਼੍ਰੀਮਤੀ ਪਰਮਜੀਤ ਕੌਰ ਸੋਬਤੀ, ਪਿੰਸੀਪਲ-ਕਮ-ਲੋਕ ਸੂਚਨਾ ਅਧਿਕਾਰੀ ਦੀ ਤਰਫੋਂ ਸ਼੍ਰੀ ਕਰਮਬੀਰ ਸਿੰਘ ਚਾਵਲਾ, ਐਡਵੋਕੇਟ (94170-07700)।

**ਹਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਮੋਹਿਤ ਵਸ਼ਿਸ਼ਟ ਐਡਵੋਕੇਟ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ, ਸ਼੍ਰੀਮਤੀ ਪਰਮਜੀਤ ਕੌਰ ਸੋਬਤੀ, ਪਿੰਸੀਪਲ-ਕਮ-ਲੋਕ ਸੂਚਨਾ ਅਧਿਕਾਰੀ ਵੱਲੋਂ ਆਪਣੇ ਨੁਮਾਇੰਦੇ, ਸ਼੍ਰੀ ਕਰਮਬੀਰ ਸਿੰਘ ਚਾਵਲਾ, ਐਡਵੋਕੇਟ ਰਾਹੀਂ ਆਪਣੇ ਜਵਾਬ, ਮਿਤੀ 24-06-2019 ਦੇ ਸਬੰਧ ਵਿੱਚ ਅਪੀਲਕਰਤਾ ਵੱਲੋਂ ਪੇਸ਼ ਕੀਤੇ ਗਏ ਜਵਾਬ ਮਿਤੀ 09-07-2019 ਦੇ ਵਿਰੁੱਧ ਆਪਣਾ ਲਿਖਤੀ ਜਵਾਬ, ਮਿਤੀ 15-07-2019 ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ ਅਤੇ ਉਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਵੀ ਦਸਤੀ ਦੇ ਦਿੱਤੀ ਗਈ ਹੈ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਏ ਜਵਾਬ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 15 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਗਜੀਤ ਸਿੰਘ, (99150-21551)
ਪੁੱਤਰ ਸ਼੍ਰੀ ਹਕਮ ਸਿੰਘ,
ਮਕਾਨ ਨੰ:459-ਏ, ਸੈਕਟਰ-61,
ਚੰਡੀਗੜ੍ਹ। -----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਡਾਇਰੈਕਟਰ,ਤਕਨੀਕੀ ਸਿੱਖਿਆ ਤੇ
ਉਦਯੋਗਿਕ ਸਿਖਲਾਈ (ਆਈ.ਟੀ. ਵਿੰਗ),
ਪੰਜਾਬ, ਚੰਡੀਗੜ੍ਹ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:240/2019**

**ਹਾਜ਼ਰ:-**
1) ਸ਼੍ਰੀ ਜਗਜੀਤ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਪਾਲ ਸਿੰਘ, ਉਪ ਡਾਇਰੈਕਟਰ, ਉਦਯੋਗਿਕ ਸਿਖਲਾਈ-ਕਮ-ਲੋਕ ਸੂਚਨਾ ਅਧਿਕਾਰੀ (94170-56651) ਅਤੇ ਸ਼੍ਰੀ ਸੁਖਜਿੰਦਰ ਸਿੰਘ, ਕਲਰਕ (90410-77112)।

**ਹਕਮ:**

ਅੱਜ ਪੇਸ਼ੀ ਸਮੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ, ਵੱਲੋਂ ਹਾਜ਼ਰ ਸ਼੍ਰੀ ਹਰਪਾਲ ਸਿੰਘ, ਉਪ ਡਾਇਰੈਕਟਰ, ਉਦਯੋਗਿਕ ਸਿਖਲਾਈ-ਕਮ-ਲੋਕ ਸੂਚਨਾ ਅਧਿਕਾਰੀ ਨੇ ਪੱਤਰ ਨੰ:ਆਈ.ਟੀ./ਰਾ.ਟੂ ਇੰਨ.ਐਕਟ/2005/16/ ਜਗਜੀਤ ਸਿੰਘ/1163, ਮਿਤੀ 13-07-2019 ਰਾਹੀਂ ਆਪਣਾ ਜਵਾਬ ਪੇਸ਼ ਕੀਤਾ ਹੈ ਜਿਸ ਦੀ ਇੱਕ ਕਾਪੀ ਸ਼ਿਕਾਇਤਕਰਤਾ ਨੂੰ ਵੀ ਦੇ ਦਿੱਤੀ ਗਈ ਹੈ। ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਜਵਾਬ ਮਿਸਲ ਤੇ ਰੱਖ ਲਿਆ ਗਿਆ ਹੈ। ਸ਼ਿਕਾਇਤਕਰਤਾ ਨੇ ਉੱਤਰਦਾਤਾ ਦੇ ਜਵਾਬ ਸਬੰਧੀ ਆਪਣਾ ਜਵਾਬ ਪੇਸ਼ ਕਰਨ ਲਈ ਸਮਾਂ ਮੰਗਿਆ ਹੈ। ਸ਼ਿਕਾਇਤਕਰਤਾ ਵੱਲੋਂ ਆਪਣੀ ਈ.ਮੇਲ, ਮਿਤੀ 15-07-2019 ਰਾਹੀਂ ਵੀ ਬੇਨਤੀ ਕੀਤੀ ਗਈ ਹੈ ਕਿ ਉੱਤਰਦਾਤਾ ਵੱਲੋਂ ਪੱਤਰ, ਮਿਤੀ 13-07-2019 ਰਾਹੀਂ ਪੇਸ਼ ਕੀਤੇ ਗਏ ਜਵਾਬ ਸਬੰਧੀ ਸ਼ਿਕਾਇਤਕਰਤਾ ਵੱਲੋਂ ਆਪਣਾ ਜਵਾਬ ਪੇਸ਼ ਕਰਨ ਅਤੇ ਆਪਣਾ ਪੱਖ ਪੇਸ਼ ਕਰਨ ਤੋਂ ਬਾਅਦ ਹੀ ਇਸ ਕੇਸ ਵਿੱਚ ਕੋਈ ਫੈਸਲਾ ਕੀਤਾ ਜਾਵੇ। ਇਸ ਮਾਮਲੇ ਵਿੱਚ ਡੂੰਘਾਈ ਨਾਲ ਘੋਖ-ਵਿਚਾਰ ਕਰਨ ਵਾਸਤੇ ਇਸ ਕੇਸ ਵਿੱਚ **ਫੈਸਲਾ ਰਿਜ਼ਰਵ ਰੱਖਿਆ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 15 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਗਜੀਤ ਸਿੰਘ,
ਪੁੱਤਰ ਸ਼੍ਰੀ ਹਕਮ ਸਿੰਘ,
ਮਕਾਨ ਨੰ:459-ਏ, ਸੈਕਟਰ-61,
ਚੰਡੀਗੜ੍ਹ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਡਾਇਰੈਕਟਰ,ਤਕਨੀਕੀ ਸਿੱਖਿਆ ਤੇ
ਉਦਯੋਗਿਕ ਸਿਖਲਾਈ (ਆਈ.ਟੀ. ਵਿੰਗ),
ਪੰਜਾਬ, ਚੰਡੀਗੜ੍ਹ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:241/2019**

**ਹਾਜ਼ਰ:-**
1) ਸ਼੍ਰੀ ਜਗਜੀਤ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਪਾਲ ਸਿੰਘ, ਉਪ ਡਾਇਰੈਕਟਰ, ਉਦਯੋਗਿਕ ਸਿਖਲਾਈ-ਕਮ-ਲੋਕ ਸੂਚਨਾ ਅਧਿਕਾਰੀ (94170-56651) ਅਤੇ ਸ਼੍ਰੀ ਸੁਖਜਿੰਦਰ ਸਿੰਘ, ਕਲਰਕ (90410-77112)।

**ਹਕਮ:**

ਅੱਜ ਪੇਸ਼ੀ ਸਮੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ, ਵੱਲੋਂ ਹਾਜ਼ਰ ਸ਼੍ਰੀ ਹਰਪਾਲ ਸਿੰਘ, ਉਪ ਡਾਇਰੈਕਟਰ, ਉਦਯੋਗਿਕ ਸਿਖਲਾਈ-ਕਮ-ਲੋਕ ਸੂਚਨਾ ਅਧਿਕਾਰੀ ਨੇ ਪੱਤਰ ਨੰ:ਆਈ.ਟੀ./ਰਾ.ਟੂ ਇੰਨ.ਐਕਟ/2005/16/ ਜਗਜੀਤ ਸਿੰਘ/1162, ਮਿਤੀ 13-07-2019 ਰਾਹੀਂ ਆਪਣਾ ਜਵਾਬ ਪੇਸ਼ ਕੀਤਾ ਹੈ ਜਿਸ ਦੀ ਇੱਕ ਕਾਪੀ ਸ਼ਿਕਾਇਤਕਰਤਾ ਨੂੰ ਵੀ ਦੇ ਦਿੱਤੀ ਗਈ ਹੈ। ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਜਵਾਬ ਮਿਸਲ ਤੇ ਰੱਖ ਲਿਆ ਗਿਆ ਹੈ। ਸ਼ਿਕਾਇਤਕਰਤਾ ਨੇ ਉੱਤਰਦਾਤਾ ਦੇ ਜਵਾਬ ਸਬੰਧੀ ਆਪਣਾ ਜਵਾਬ ਪੇਸ਼ ਕਰਨ ਲਈ ਸਮਾਂ ਮੰਗਿਆ ਹੈ। ਸ਼ਿਕਾਇਤਕਰਤਾ ਵੱਲੋਂ ਆਪਣੀ ਈ.ਮੇਲ, ਮਿਤੀ 15-07-2019 ਰਾਹੀਂ ਵੀ ਬੇਨਤੀ ਕੀਤੀ ਗਈ ਹੈ ਕਿ ਉੱਤਰਦਾਤਾ ਵੱਲੋਂ ਪੱਤਰ, ਮਿਤੀ 13-07-2019 ਰਾਹੀਂ ਪੇਸ਼ ਕੀਤੇ ਗਏ ਜਵਾਬ ਸਬੰਧੀ ਸ਼ਿਕਾਇਤਕਰਤਾ ਵੱਲੋਂ ਆਪਣਾ ਜਵਾਬ ਪੇਸ਼ ਕਰਨ ਅਤੇ ਆਪਣਾ ਪੱਖ ਪੇਸ਼ ਕਰਨ ਤੋਂ ਬਾਅਦ ਹੀ ਇਸ ਕੇਸ ਵਿੱਚ ਕੋਈ ਫੈਸਲਾ ਕੀਤਾ ਜਾਵੇ। ਇਸ ਮਾਮਲੇ ਵਿੱਚ ਡੂੰਘਾਈ ਨਾਲ ਘੋਖ-ਵਿਚਾਰ ਕਰਨ ਵਾਸਤੇ ਇਸ ਕੇਸ ਵਿੱਚ **ਫੈਸਲਾ ਰਿਜ਼ਰਵ ਰੱਖਿਆ ਜਾਂਦਾ ਹੈ।**

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 15 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ।                                                  ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ,
ਜ਼ਿਲ੍ਹਾ ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ,
ਜ਼ਿਲ੍ਹਾ ਅੰਮ੍ਰਿਤਸਰ।                                                  -----ਉੱਤਰਦਾਤਾ

**ਅਪੀਲ ਕੇਸ ਨੰ:1218/2019**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਅਪੀਲਕਰਤਾ ਨੇ ਅੱਜ ਫਿਰ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਅਤੇ ਲੋਕ ਸੂਚਨਾ ਅਧਿਕਾਰੀ ਵਿਰੁੱਧ ਬਣਦੀ ਕਾਰਵਾਈ ਕਰਨ ਲਈ ਬੇਨਤੀ ਕੀਤੀ ਹੈ। ਉੱਤਰਦਾਤਾ ਵੱਲੋਂ ਲਗਾਤਾਰ ਦੋ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਮੁੜ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 15 ਜੁਲਾਈ, 2019.**